# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 12-09-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਇਸ ਸਮੇਂ ਨਵੀਂ ਦਿੱਲੀ ਵਿੱਚ ਭਾਰਤ ਮੰਡਪਮ ਵਿੱਚ ਸ਼ਹਿਰੀ ਹਵਾਬਾਜ਼ੀ ਬਾਰੇ ਦੂਜੀ ਏਸ਼ੀਆ-ਪ੍ਰਸ਼ਾਂਤ ਮੰਤਰੀ ਪੱਧਰੀ ਕਾਨਫਰੰਸ ਵਿੱਚ ਹਿੱਸਾ ਲੈ ਰਹੇ ਨੇ।
- ਭਾਰਤੀ ਹਵਾਈ ਫੌਜ ਵੱਲੋਂ ਕਰਾਇਆ ਜਾ ਰਿਹਾ ਸਭ ਤੋਂ ਵੱਡਾ ਬਹੁ-ਰਾਸ਼ਟਰੀ ਹਵਾਈ ਅਭਿਆਸ,ਤਰੰਗ ਸ਼ਕਤੀ PHASE - 2, ਰਾਜਸਥਾਨ ਦੇ ਜੋਧਪੁਰ ਵਿਖੇ ਚਲ ਰਿਹਾ ਏ।
- ਪੰਜਾਬ ਸਰਕਾਰ ਦੀ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ ਅਰੰਭੀ ਗਈ ਵਿਸ਼ੇਸ਼ ਮੁਹਿੰਮ ਤਹਿਤ 211 ਕੇਸਾਂ ਵਿੱਚ 296 ਨਸ਼ਾ ਤਸਕਰਾਂ ਨੂੰ ਗ੍ਰਿਫਤਾਰ ਕੀਤਾ ਗਿਆ ਏ।
- ਪੰਜਾਬ ਦੇ ਸਮਾਜਿਕ ਸੁਰੱਖਿਆ, ਔਰਤ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਅੱਜ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਦੀ ਆਧਾਰ ਤਸਦੀਕ ਸਬੰਧੀ ਨਵਾਂ ਮੀਲ ਪੱਥਰ ਕਾਇਮ ਕਰਨ ਬਾਰੇ ਐਲਾਨ ਕੀਤਾ ਏ।

--------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਇਸ ਸਮੇਂ ਨਵੀਂ ਦਿੱਲੀ ਵਿੱਚ ਭਾਰਤ ਮੰਡਪਮ ਵਿੱਚ ਸ਼ਹਿਰੀ ਹਵਾਬਾਜ਼ੀ ਬਾਰੇ ਦੂਜੀ ਏਸ਼ੀਆ-ਪ੍ਰਸ਼ਾਂਤ ਮੰਤਰੀ ਪੱਧਰੀ ਕਾਨਫਰੰਸ ਵਿੱਚ ਹਿੱਸਾ ਲਈ ਰਹੇ ਨੇ . ਪ੍ਰਧਾਨ ਮੰਤਰੀ ਸਾਰੇ ਮੈਂਬਰ ਦੇਸ਼ਾਂ ਵੱਲੋਂ "ਦਿੱਲੀ ਐਲਾਨ ਨਾਮੇ" ਨੂੰ ਅਪਣਾਉਣ ਦਾ ਐਲਾਨ ਕਰਨਗੇ। ਦਿੱਲੀ ਐਲਾਨ ਨਾਮਾ, ਖਿੱਤੇ ਦੇ ਹਵਾਬਾਜ਼ੀ ਖੇਤਰ ਨੂੰ ਨਵੀਆਂ ਉਚਾਈਆਂ ਤੱਕ ਪਹੁੰਚਾਉਣ ਲਈ ਇੱਕ ਦੂਰਅੰਦੇਸ਼ ਖਾਕਾ ਏ।ਸ਼ਹਿਰੀ ਹਵਾਬਾਜ਼ੀ ਮੰਤਰੀ ਰਾਮਮੋਹਨ ਨਾਇਡੂ ਨੇ ਕੱਲ੍ਹ ਨਵੀਂ ਦਿੱਲੀ ਵਿੱਚ ਕਾਨਫਰੰਸ ਦਾ ਉਦਘਾਟਨ ਕੀਤਾ ਸੀ । ਸ੍ਰੀ ਨਾਇਡੂ ਨੂੰ ਸ਼ਹਿਰੀ ਹਵਾਬਾਜ਼ੀ ਬਾਰੇ ਏਸ਼ੀਆ-ਪ੍ਰਸ਼ਾਂਤ ਮੰਤਰੀ ਪੱਧਰੀ ਕਾਨਫਰੰਸ ਦਾ ਚੇਅਰਮੈਨ ਚੁਣਿਆ ਗਿਆ ਏ।

--------------------------------------------------------------------

ਭਾਰਤੀ ਹਵਾਈ ਫੌਜ ਵੱਲੋਂ ਕਰਾਇਆ ਜਾ ਰਿਹਾ ਸਭ ਤੋਂ ਵੱਡਾ ਬਹੁ-ਰਾਸ਼ਟਰੀ ਹਵਾਈ ਅਭਿਆਸ,ਤਰੰਗ ਸ਼ਕਤੀ PHASE -2, ਰਾਜਸਥਾਨ ਦੇ ਜੋਧਪੁਰ ਵਿਖੇ ਚਲ ਰਿਹਾ ਏ। ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਅੱਜ ਹਮਲਾਵਰ ਹੈਲੀਕਾਪਟਰ Prachand, Sarang, Suryakriyan ਅਤੇ ਜੰਗੀ jet ਹਲਕੇ ਲੜਾਕਾ ਹਵਾਈ ਜਹਾਜ਼ LCA

Tejas. ਦਾ ਹਵਾਈ ਪ੍ਰਦਰਸ਼ਨ ਦੇਖਿਆ। ਇਸ ਮੌਕੇ ਬੋਲਦਿਆਂ ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕਿਹਾ ਕਿ, ਇਸ ਅਭਿਆਸ ਦਾ ਉਦੇਸ਼ ਦੇਸ਼ ਦੀ ਫੌਜੀ ਸਮਰੱਥਾ ਦਾ ਵਿਖਾਲਾ ਕਰਨਾ ਅਤੇ ਹਿੱਸਾ ਲੈਣ ਵਾਲੇ ਦੇਸ਼ਾਂ ਵਿਚਾਲੇ ਅੰਤਰਰਾਸ਼ਟਰੀ ਸਹਿਯੋਗ ਨੂੰ ਮਜ਼ਬੂਤ ਕਰਨਾ ਏ । ਉਨ੍ਹਾਂ ਕਿਹਾ ਕਿ, ਤਰੰਗ ਸ਼ਕਤੀ ਮਿੱਤਰ ਦੇਸ਼ਾਂ ਦਰਮਿਆਨ ਸਹਿਯੋਗ ਅਤੇ ਆਪਸੀ ਵਿਸ਼ਵਾਸ ਪੈਦਾ ਕਰਨ ਦਾ ਮਾਧਿਅਮ ਏ । BYTE - ਰਾਜਨਾਥ ਸਿੰਘ)- ਦੇਸ਼ ਦੀ ਵਧ ਰਹੀ ਫੌਜੀ ਤਾਕਤ ਦੀ ਸ਼ਲਾਘਾ ਕਰਦਿਆਂ ਸ੍ਰੀ ਸਿੰਘ ਨੇ ਕਿਹਾ ਕਿ ਪਹਿਲਾਂ ਭਾਰਤ, ਰੱਖਿਆ ਉਪਕਰਨਾਂ ਦੀ ਦਰਾਮਦ ਕਰਦਾ ਸੀ, ਪਰ ਹੁਣ ਉਹ 90 ਦੇਸ਼ਾਂ ਨੂੰ ਰੱਖਿਆ ਉਤਪਾਦਾਂ ਦੀ ਬਰਾਮਦ ਕਰ ਰਿਹਾ ਏ । ਉਨ੍ਹਾਂ ਕਿਹਾ ਕਿ ਦੇਸ਼ ਆਪਣੀ ਜ਼ਰੂਰਤ

ਅਨੁਸਾਰ ਰੱਖਿਆ ਉਪਕਰਨਾਂ ਦਾ ਨਿਰਮਾਣ ਕਰ ਰਿਹਾ ਏ ਅਤੇ ਦੂਜੇ ਦੇਸ਼ਾਂ ਦੇ ਉੱਚ ਤਕਨੀਕੀ ਅਤੇ ਵਿਸ਼ੇਸ਼ ਰੱਖਿਆ ਉਤਪਾਦਾਂ ਦਾ

ਨਿਰਮਾਣ ਕਰਨ ਲਈ ਮਿੱਤਰ ਦੇਸ਼ਾਂ ਨਾਲ ਸਹਿਯੋਗ ਵਧਾ ਰਿਹਾ ਏ । ਸ੍ਰੀ ਸਿੰਘ ਨੇ ਕਿਹਾ ਕਿ ਭਾਰਤੀ ਹਵਾਈ ਫੌਜ ਤੇ ਸਾਡਾ ਰਖਿਆ ਖੇਤਰ ਆਤਮਨਿਰਭਰ ਭਾਰਤ ਦੇ ਨਵੇਂ ਅਹਿਦ ਦੇ ਨਾਲ ਅੱਗੇ ਵਧ ਰਿਹਾ ਏ - BYTE - ਰਾਜਨਾਥ ਸਿੰਘ ਇਸ ਰਣਨੀਤਕ ਤੌਰ 'ਤੇ ਅਹਿਮ ਅਭਿਆਸ ਜਿਸ ਵਿੱਚ ਵਖ – ਵਖ ਤਰ੍ਹਾਂ ਦੇ ਲੜਾਕੂ ਅਤੇ ਹੋਰ ਹਵਾਈ ਜਹਾਜ਼ ਸ਼ਾਮਿਲ ਨੇ ਵਿਚ ਵੱਖ-ਵੱਖ ਦੇਸ਼ ਹਿੱਸਾ ਲਈ ਰਹੇ ਨੇ .ਇਸ ਅਭਿਆਸ ਦੇ

ਮੌਕੇ 'ਤੇ, ਹਵਾਈ ਫੌਜ ਨੇ ਭਾਰਤ ਰੱਖਿਆ ਹਵਾਬਾਜ਼ੀ ਨੁਮਾਇਸ਼ IDAX-24 ਵੀ ਕਰ ਰਹੀ ਏ, ਜਿਸਦਾ ਉਦਘਾਟਨ ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕੀਤਾ। ਇਸ ਨੁਮਾਇਸ਼ ਵਿੱਚ, ਰਖਿਆ ਖੇਤਰ ਦੀਆਂ ਕਿ ਸਰਕਾਰੀ ਕੰਪਨੀਆਂ,DRDO, ਪ੍ਰਾਈਵੇਟ ਸਨਅਤ ਅਤੇ ਸਟਾਰਟਅੱਪਸ ਹਿੱਸਾ ਲੈ ਰਹੇ ਨੇ .  ਇਹਨਾਂ ਨੇ ਰੱਖਿਆ ਉਤਪਾਦਾਂ ਅਤੇ ਤਕਨਾਲੋਜੀਆਂ ਦੀ ਵਿਸ਼ਾਲ ਸ਼੍ਰੇਣੀ ਦਾ ਵਿਖਾਲਾ ਕੀਤਾ।

---------------------------------------------------------------

ਪੰਜਾਬ ਸਰਕਾਰ ਦੀ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਦੀ ਵਚਨਬੱਧਤਾ ਤਹਿਤ ਅਤੇ ਪੰਜਾਬ ਦੇ ਪੁਲਿਸ ਦੇ ਡਾਇਰੈਕਟਰ ਜਨਰਲ, ਗੌਰਵ ਯਾਦਵ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਰੋਪੜ ਰੇਂਜ ਵਿੱਚ ਪੰਜਾਬ ਪੁਲਿਸ ਵੱਲੋਂ ਨਸ਼ੇ ਦੇ ਖਾਤਮੇ ਲਈ 17 ਜੂਨ, 2024 ਤੋਂ ਵਿਸ਼ੇਸ਼ ਮੁਹਿੰਮ ਆਰੰਭੀ ਗਈ ਏ , ਜਿਸ ਤਹਿਤ 211 ਕੇਸਾਂ ਵਿੱਚ 296 ਨਸ਼ਾ ਤਸਕਰਾਂ ਨੂੰ ਗ੍ਰਿਫਤਾਰ ਕੀਤਾ ਗਿਆ ਏ । ਵਧੇਰੇ ਜਾਣਕਾਰੀ ਦਿੰਦਿਆਂ ਰੋਪੜ ਰੇਂਜ ਦੇ ਡੀ.ਆਈ.ਜੀ. ਨਿਲਾਂਬਰੀ ਜਗਦਲੇ, ਨੇ ਦੱਸਿਆ ਕਿ ਇਸ ਮੁਹਿੰਮ ਦੌਰਾਨ ਰੋਪੜ ਰੇਂਜ ਦੇ ਜ਼ਿਲ੍ਹਿਆਂ ਰੋਪੜ, ਮੋਹਾਲੀ ਅਤੇ ਫਤਿਹਗੜ੍ਹ ਸਾਹਿਬ ਵਿੱਚ ਨਸ਼ਿਆਂ ਦੇ ਤਸਕਰਾਂ ਖਿਲਾਫ ਕਾਰਵਾਈ ਕਰਦੇ ਹੋਏ 211 ਕੇਸ ਦਰਜ

ਕੀਤੇ ਗਏ, ਜਿਨ੍ਹਾਂ ਵਿੱਚ 296 ਨਸ਼ਾ ਤਸਕਰਾਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਪਾਸੋਂ ਵੱਡੀ ਮਾਤਰਾ 'ਚ ਨਸ਼ੀਲੇ ਪਦਾਰਥ ਅਤੇ 3 ਲਖ 95 ਹਜ਼ਾਰ

450 ਰੁਪਏ ਡਰੱਗ ਮਨੀ ਦੇ ਰੂਪ ਵਿਚ ਬਰਾਮਦ ਕੀਤੇ ਗਏ । ਉਨ੍ਹਾਂ ਅੱਗੇ ਦੱਸਿਆ ਕਿ ਇਸ ਤੋਂ ਇਲਾਵਾ 42,ਲਖ ਰੁਪਏ ਤੋਂ ਵੱਧ ਦੀ ਪ੍ਰਾਪਰਟੀ ਫ੍ਰੀਜ਼ ਕਰਵਾਉਣ ਲਈ ਸਮਰੱਥ ਅਥਾਰਟੀ ਨੂੰ ਕੇਸਭੇਜੇ ਗਏ ਨੇ ਅਤੇ ਨਸ਼ਾ ਤਸਕਰਾਂ ਦੀ ਸੰਪਤੀ ਜ਼ਬਤ ਕਰਾਈ ਗਈ ਏ .ਨਿਲਾਂਬਰੀ ਜਗਦਲੇ, ਨੇ ਦੱਸਿਆ ਕਿ ਭਵਿੱਖ ਵਿੱਚ ਵੀ ਪੰਜਾਬ ਸਰਕਾਰ ਅਤੇ ਪੰਜਾਬ ਦੇ ਡੀ.ਜੀ.ਪੀ. ਦੇ ਦਿਸ਼ਾ ਨਿਰਦੇਸ਼ ਅਨੁਸਾਰ ਨਸ਼ਿਆਂ ਦੇ ਖਿਲਾਫ ਸ਼ੁਰੂ ਕੀਤੀ ਗਈ ਮੁਹਿੰਮ ਜਾਰੀ ਰਹੇਗੀ।

-------------------------------------------------------------------------

ਪੰਜਾਬ ਦੇ ਸਮਾਜਿਕ ਸੁਰੱਖਿਆ, ਔਰਤ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਅੱਜ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਦੀ ਆਧਾਰ ਤਸਦੀਕ ਸਬੰਧੀ ਨਵਾਂ ਮੀਲ ਪੱਥਰ ਕਾਇਮ ਕਰਨ ਬਾਰੇ ਐਲਾਨ ਕੀਤਾ ਏ । ਉਨ੍ਹਾਂ ਦੱਸਿਆ ਕਿ ਸਾਡੇ 98 ਫ਼ੀਸਦ ਸਮਰਪਿਤ ਮੁਲਾਜ਼ਮ ਹੁਣ ਆਧਾਰ ਪ੍ਰਮਾਣਿਤ ਨੇ ਜਿਸ ਨਾਲ ਇਹਨਾਂ ਮੁਲਾਜ਼ਮਾਂ ਲਈ ਵਿਆਪਕ ਸਿਹਤ ਸੰਭਾਲ ਕਵਰੇਜ ਨੂੰ ਯਕੀਨੀ ਬਣਾਉਣ ਲਈ ਆਯੁਸ਼ਮਾਨ ਭਾਰਤ ਸਿਹਤ ਕਾਰਡ ਜਾਰੀ ਕਰਨ ਦਾ ਰਹਪੱਧਰਾ ਹੋ ਗਿਆ ਏ ।ਕੈਬਨਿਟ ਮੰਤਰੀ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ

ਦੱਸਿਆ ਕਿ ਇਹ ਮੀਲ ਪੱਥਰ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਜੋ ਸੂਬੇ ਭਰ ਵਿੱਚ ਔਰਤਾਂ ਅਤੇ ਬੱਚਿਆਂ ਦੇ ਵਿਕਾਸ ਅਤੇ ਤੰਦਰੁਸਤੀ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਨੇ, ਦੀ ਭਲਾਈ ਲਈ ਪੰਜਾਬ ਸਰਕਾਰ ਦੀ ਦ੍ਰਿੜ ਵਚਨਬੱਧਤਾ ਨੂੰ ਦਰਸਾਉਂਦਾ ਏ। ਆਯੁਸ਼ਮਾਨ ਭਾਰਤ ਯੋਜਨਾ ਰਾਹੀਂ ਮਿਆਰੀ ਸਿਹਤ ਸੰਭਾਲ ਸਹੂਲਤ ਪ੍ਰਦਾਨ ਕਰਕੇ ਇਹ ਪਹਿਲਕਦਮੀ ਇਨ੍ਹਾਂ ਮੁਲਾਜ਼ਮਾਂ ਨੂੰ ਸਮਾਜ ਪ੍ਰਤੀ ਆਪਣੀ ਵਡਮੁੱਲੀ ਸੇਵਾ ਜਾਰੀ ਰੱਖਣ ਦੇ ਸਮਰੱਥ ਬਣਾਉਂਦੀ ਏ। ਮੰਤਰੀ ਨੇ ਸਾਰੀ ਟੀਮ ਦੀ ਸਖ਼ਤ ਮਿਹਨਤ ਅਤੇ ਲਗਨ ਦੀ ਸ਼ਲਾਘਾ ਕੀਤੀ। ਉਨ੍ਹਾਂ ਦੱਸਿਆ ਕਿ ਆਯੁਸ਼ਮਾਨ ਭਾਰਤ ਯੋਜਨਾ ਪ੍ਰਤੀ ਪਰਿਵਾਰ 5 ਲੱਖ ਰੁਪਏ ਤੱਕ ਦੀ ਸਾਲਾਨਾ ਸਿਹਤ ਕਵਰੇਜ ਪ੍ਰਦਾਨ ਕਰਦੀ ਏ, ਅਤੇ ਇਹ ਪਹਿਲਕਦਮੀ ਇਹ ਯਕੀਨੀ ਬਣਾਏਗੀ ਕਿ ਆਂਗਣਵਾੜੀ ਵਰਕਰ ਅਤੇ ਹੈਲਪਰ ਨਕਦ ਰਹਿਤ ਸਿਹਤ ਸੇਵਾਵਾਂ ਦਾ ਲਾਭ ਲੈ ਸਕਣ।

---

ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਸੁਪਰੀਮ ਕੋਰਟ ਵੱਲੋਂ ਡਿਊਟੀ ਸਮੇਂ ਦੌਰਾਨ ਸਿਹਤ ਸੰਭਾਲ ਪੇਸ਼ੇਵਰਾਂ ਅਤੇ ਨੀਮ - ਮੈਡੀਕਲ ਅਮਲੇ ਦੀ ਜਾਨ ਮਾਲ ਦੀ ਰਾਖੀ ਸਬੰਧੀ ਜਾਰੀ ਦਿਸ਼ਾ ਨਿਰਦੇਸ਼ਾਂ 'ਤੇ ਕੰਮ ਕਰਦੇ ਹੋਏ ਰੋਕਥਾਮ ਅਤੇ ਉਪਰਾਲਿਆਂ ਤਹਿਤ ਫ਼ਤਹਿਗੜ੍ਹ ਸਾਹਿਬ ਦੇ

ਡਿਪਟੀ ਕਮਿਸ਼ਨਰ, ਸ਼੍ਰੀਮਤੀ ਪਰਨੀਤ ਸ਼ੇਰਗਿੱਲ ਦੀ ਅਗਵਾਈ ਵਿੱਚ "ਜ਼ਿਲਾ ਸਿਹਤ ਬੋਰਡ" ਦਾ ਗਠਨ ਕੀਤਾ ਗਿਆ ਏ। ਇਸ ਬੋਰਡ ਦੇ ਚੇਅਰਪਰਸਨ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਹੋਣਗੇ ਜਦਕਿ ਐਸ.ਐਸ.ਪੀ, ਸਿਵਲ ਸਰਜਨ,ਪੈਰਾਮੈਡੀਕਲ ਸਟਾਫ ਦੇ ਮੈਂਬਰ, ਜ਼ਿਲ੍ਹੇ ਦੇ ਆਈਐਮਏ ਪ੍ਰਤੀਨਿਧੀ, ਪੀਸੀ-ਐਮਐਸ ਐਸੋਸੀਏਸ਼ਨ ਦੇ ਪ੍ਰਤੀਨਿਧੀ , ਸਮਾਜ ਸੇਵੀ ਸੰਸਥਾ ਦੇ ਪ੍ਰਤੀਨਿਧੀ ਅਤੇ ਜ਼ਿਲ੍ਹਾ ਅਟਾਰਨੀ ਇਸ ਵਿੱਚ ਬਤੌਰ ਮੈਂਬਰ ਸ਼ਾਮਿਲ ਕੀਤੇ ਗਏ ਨੇ।

---------------------------------------------------------------

ਪੋਸ਼ਣ ਮਾਹ ਸਦਕਾ ਪੰਜਾਬ ਵਿੱਚ ਬੱਚਿਆਂ ਅਤੇ ਗਰਭਵਤੀ ਔਰਤਾਂ ਦੇ ਕੁਪੋਸ਼ਣ ਦੀ ਦਰ 4 ਫੀਸਦੀ ਤੋਂ ਘੱਟ ਕੇ 2 ਫੀਸਦੀ ਰਹਿ ਗਈ ਏ। ਇਹ ਜਾਣਕਾਰੀ ਪੰਜਾਬ ਦੇ ਸਮਾਜਿਕ ਸੁਰੱਖਿਆ, ਔਰਤ ਤੇ ਬਾਲ ਵਿਕਾਸ ਵਿਭਾਗ ਦੇ ਡਾਇਰੈਕਟਰ SHEENA ਅਗਰਵਾਲ ਨੇ ਮੋਹਾਲੀ ਤੋਂ ਸਾਡੇ ਪੱਤਰਕਾਰ ਨਾਲ ਸਾਂਝੀ ਕੀਤੀ ਏ। ਇਸ ਮੌਕੇ ਇਸ ਮੁਹਿੰਮ ਤਹਿਤ ਉਨ੍ਹਾਂ ਪੰਜਾਬ ਭਰ ਚਲ ਰਹੇ ਪ੍ਰੋਗਰਾਮਾਂ ਅਤੇ ਲੋਕਾਂ ਦੇ ਹਾਂ ਪੱਖੀ ਹੁੰਗਾਰੇ ਤੇ ਖੁਸ਼ੀ ਤੇ ਤਸੱਲੀ ਵੀ ਪ੍ਰਗਟ ਕੀਤੀ ਏ। ਓਹਨਾਂ ਬੀਤੇ ਦਿਨੀਂ ਕੇਂਦਰੀ ਟੀਮ ਵਲੋਂ ਪੰਜਾਬ ਦੇ ਵੱਖ-ਵੱਖ ਜਿਲਿਆਂ ਮੁਹਾਲੀ, ਫਤਹਿਗੜ੍ਹ ਸਾਹਿਬ,

ਲੁਧਿਆਣਾ ਆਦਿ ਚ ਦੌਰਾ ਕਰਕੇ ਇਸ ਸਬੰਧੀ ਫੀਡਬੈਕ ਲਈ ਤੇ ਆਂਗਨਵਾੜੀਆਂ ਦਾ ਵੀ ਦੌਰਾ ਕੀਤਾ।**BYTE ਸੀਨਾ ਡਾਇਰੈਕਟਰ** -

---------------------------------------------------------------------------

ਜੇਲ੍ਹਾਂ ਵਿੱਚ ਕਾਨੂੰਨੀ ਸਹਾਇਤਾ ਪ੍ਰਦਾਨ ਕਰਨ ਦੀ ਵਿਧੀ ਨੂੰ ਮਜ਼ਬੂਤ ਕਰਨ ਹਿੱਤ ਅਤੇ, ਸ੍ਰੀ ਮੁਕਤਸਰ ਸਾਹਿਬ ਦੇ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ, ਸ੍ਰੀ ਰਾਜ ਕੁਮਾਰ ਦੀ ਅਗਵਾਈ ਹੇਠ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਬਾਰੇ ਸਕੱਤਰ ਡਾ. ਗਗਨਦੀਪ ਕੌਰ, ਨੇ ਬਠਿੰਡਾ ਦੀ ਜ਼ਿਲ੍ਹਾ ਔਰਤ ਜੇਲ੍ਹ, ਦਾ ਦੌਰਾ ਕੀਤਾ । ਡਾ.ਗਗਨਦੀਪ ਕੌਰ ਵੱਲੋ ਜੇਲ੍ਹ ਵਿਚ ਬੰਦ ਹਵਾਲਾਤੀਆਂ ਤੇ ਕੈਦੀਆਂ ਨਾਲ ਗੱਲਬਾਤ ਕੀਤੀ ਗਈ ਅਤੇ ਉਹਨਾ ਦੀਆਂ ਮੁਸ਼ਕਿਲਾਂ ਸੁਣੀਆਂ ਗਈਆ ਅਤੇ ਓਹਨਾਂ ਦਾ ਨਿਪਟਾਰਾ ਕੀਤਾਗਿਆ. ਓਹਨਾਂ ਨੇ ਜੇਲ੍ਹ ਵਿਚ ਲਾਏ ਗਏ ਰਜਿਸਟਰ ਦੀ ਚੈਕਿੰਗ ਕੀਤੀ ਗਈ ਅਤੇ ਰਜਿਸਟਰ ਵਿਚ ਦਰਜ ਹਵਾਲਾਤੀਆਂ ਨਾਲ ਵੀ ਗੱਲਬਾਤ ਕੀਤੀ ਗਈ ਅਤੇ ਉਹਨਾਂ ਨੂੰ ਬਣਦੀ ਕਾਨੂੰਨੀ ਸਹਾਇਤਾ ਮੁੱਹਈਆ ਕਰਵਾਈ ਗਈ । ਜੇਲ੍ਹ ਦੌਰਾਨ ਹਵਾਲਾਤੀਆਂ ਨੂੰ ਦਿੱਤੀ ਜਾਣ ਵਾਲੀ ਮੈਡੀਕਲ ਸਹੂਲਤ ਅਤੇ ਖਾਣੇ ਦਾ ਵੀ ਨਿਰੀਖਣ ਕੀਤਾ ਗਿਆ। ਕੈਦੀਆ ਤੇ ਹਵਾਲਾਤੀਆਂ ਨੂੰ ਪਲੀ-ਬਾਰਗੇਨਿਗ ਸਬੰਧੀ ਵੀ ਜਾਣਕਾਰੀ ਦਿੱਤੀ ਗਈ।

---------------------------------------------------------------------------

ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਬਠਿੰਡਾ ਅਧੀਨ ਪੈਂਦੇ

ਪਿੰਡ ਚਾਉਂਕੇ, ਮੰਡੀ ਕਲਾਂ ਅਤੇ ਲਹਿਰਾ ਮੁਹੱਬਤ ਵਿਖੇ ਕਿਸਾਨ ਜਾਗਰੂਕਤਾ ਕੈਂਪ ਲਗਾਇਆ ਗਿਆ। ਇਸ ਮੌਕੇ ਡਿਪਟੀ ਕਮਿਸ਼ਨਰ ਸ. ਜਸਪ੍ਰੀਤ ਸਿੰਘ ਨੇ ਸਮੂਹ ਕਿਸਾਨਾਂ ਨੂੰ ਅਪੀਲ ਕਰਦਿਆ ਕਿਹਾ ਕਿ, ਉਹ ਪਰਾਲੀ ਨੂੰ ਅੱਗ ਨਾ ਲਗਾਉਣ। ਉਨ੍ਹਾਂ ਕਿਹਾ ਕਿ ਪਿਛਲੇ ਸਾਲ ਸਭ ਤੋਂ ਵੱਧ ਅੱਗ ਲੱਗਣ ਦੀਆਂ ਘਟਨਾਵਾਂ ਇਨਾਂ ਪਿੰਡਾਂ ਵਿੱਚ ਹੋਈਆਂ ਸਨ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਇਸ ਗੱਲ 'ਤੇ ਵਿਸ਼ੇਸ਼ ਜੋਰ ਦਿੱਤਾ ਜਾ ਰਿਹਾ ਏ ਕਿ ਪਰਾਲੀ ਨੂੰ ਅੱਗ ਨਾ ਲਗਾਈ ਜਾਵੇ ਅਤੇ ਪਰਾਲੀ ਦੇ ਪ੍ਰਬੰਧਨ ਦੇ ਲਈ ਹਰ ਤਰ੍ਹਾਂ ਦੇ ਉਪਰਾਲੇ ਕੀਤੇ ਜਾਣ। ਇਸ ਦੌਰਾਨ ਡਿਪਟੀ ਕਮਿਸ਼ਨਰ ਨੇ ਸਬੰਧਤ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਪਿੰਡਾਂ ਵਿੱਚ ਬਣਾਏ ਗਏ ਖਾਲ਼ਿਆਂ ਦੀ ਮੁਰੰਮਤ ਕੀਤੀ ਜਾਵੇ ਅਤੇ ਜੇਕਰ ਲੋੜ ਏ ਤਾਂ ਨਵੀਆਂ ਅੰਡਰ ਗਰਾਊਂਡ ਪਾਈਪਾਂ ਪਾ ਕੇ ਨਵੇਂ ਖਾਲ ਤਿਆਰ ਕੀਤੇ ਜਾਣ ਤਾਂ ਜੋ ਕਿਸਾਨਾਂ ਨੂੰ ਪਾਣੀ ਦੀ ਸਮੱਸਿਆ ਦਰਪੇਸ਼ ਨਾ ਆਵੇ। ਇਸ ਮੌਕੇ ਮੁੱਖ ਖੇਤੀਬਾੜੀ ਅਫਸਰ ਡਾ. ਜਗਸੀਰ ਸਿੰਘ, ਬਲਾਕ ਖੇਤੀਬਾੜੀ ਅਫਸਰ ਬਲਜਿੰਦਰ ਸਿੰਘ ਤੋਂ ਇਲਾਵਾ ਪਿੰਡਾਂ ਦੇ ਅਗਾਂਹਵਧੂ ਕਿਸਾਨ ਹਾਜ਼ਰ ਸਨ।

---

ਪੰਜਾਬ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਚੇਅਰਪਰਸਨ ਕਮ ਜ਼ਿਲ੍ਹਾ ਅਤੇ

ਸੈਸ਼ਨ ਜੱਜ- ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਸੰਗਰੂਰ ਸ੍ਰੀ ਮੁਨੀਸ ਸਿੰਗਲ ਅਤੇ ਜ਼ਿਲੇ ਦੀ ਕਾਨੂੰਨੀ ਸੇਵਾਵਾਂ ਬਾਰੇ ਅਥਾਰਟੀ ਦੇ ਸਕੱਤਰ, ਸ੍ਰੀਮਤੀ ਦਲਜੀਤ ਕੌਰ ਦੀ ਰਹਿਨੁਮਾਈ ਹੇਠ ,ਸਬ ਡਵੀਜਨ ਮਾਲੇਰਕੋਟਲਾ ਅਧੀਨ ਸਮੂਹ ਨਿਆਇਕ ਅਦਾਲਤ ਵੱਲੋਂ ਕੇਸਾਂ ਦੇ ਨਿਪਟਾਰੇ ਲਈ 14 ਸਤੰਬਰ ਦਿਨ ਸਨੀਵਾਰ ਨੂੰ ਜ਼ਿਲ੍ਹਾ ਮਾਲੇਰਕੋਟਲਾ ਵਿਖੇ ਕੌਮੀ ਲੋਕ ਅਦਾਲਤ ਦਾ ਆਯੋਜਨ ਕੀਤਾ ਜਾ ਰਿਹਾ ਏ । ਇਸ ਦੀ ਜਾਣਕਾਰੀ ਐਡੀਸ਼ਨਲ ਸਿਵਲ ਜੱਜ ,ਸੀਨੀਅਰ ਡਵੀਜ਼ਨ ਕਮ ਚੇਅਰਪਰਸਨ ਸਬ ਡਵੀਜ਼ਨ ਲੀਗਲ ਸਰਵਿਸ ਅਥਾਰਟੀ ਮਾਲੇਰਕੋਟਲਾ ਸ੍ਰੀਮਤੀ ਰੂਪਾ ਧਾਲੀਵਾਲ ਨੇ ਦਿੱਤੀ। ਉਨ੍ਹਾਂ ਕਿਹਾ ਕਿ ਰਾਸ਼ਟਰੀ ਲੋਕ ਅਦਾਲਤ ਅਧੀਨ ਚਾਰ ਬੈਂਚ ਕੋਰਟ ਕੰਪਲੈਕਸ ਵਿਖੇ, ਸਿਵਲ ਜੱਜ ਸੀਨੀਅਰ ਡਵੀਜ਼ਨ ਸ੍ਰੀਮਤੀ ਰੂਪਾ ਧਾਲੀਵਾਲ, ਸਿਵਲ ਜੱਜ ਜੂਨੀਅਰ ਡਵੀਜ਼ਨ ਵਿਸਵ ਗੁਪਤਾ, ਸਿਵਲ ਜੱਜ ਜੂਨੀਅਰ ਡਵੀਜਨ ਅਕਿੰਤਾ ਲੂੰਬਾ, ਅਤੇ ਸਿਵਲ ਜੱਜ ਜੂਨੀਅਰ ਡਵੀਜਨ ਜਸਟਿਸ ਜਿੰਦਰਪਾਲ ਸਿੰਘ ਅਧੀਨ ਲੋਕਾਂ ਦੀ ਸਹੂਲਤ ਲਈ ਸਥਾਪਿਤ ਕੀਤੇ ਜਾਣਗੇ। ਇਸ ਤੋਂ ਇਲਾਵਾ ਸਮੂਹ ਤਹਿਸੀਲ ਦਫ਼ਤਰਾਂ ਵਿਖੇ ਵੀ ਆਮ ਜਨਤਾ ਦੀ ਸਹੂਲਤ ਲਈ ਬੈਂਚ ਸਥਾਪਿਤ ਕੀਤੇ ਜਾਣਗੇ । ਉਨ੍ਹਾਂ ਦੱਸਿਆ ਕਿ ਇਸ ਰਾਸ਼ਟਰੀ ਲੋਕ ਅਦਾਲਤ ਦਾ ਮੁੱਖ ਉਦੇਸ਼ ,ਸਮਝੌਤੇ/ਰਾਜ਼ੀਨਾਮੇ ਰਾਹੀਂ ਅਦਾਲਤੀ ਕੇਸਾਂ ਦਾ ਫ਼ੈਸਲਾ

ਕਰਵਾਉਣਾ ਏ ਤਾਂ ਜੋ ਧਿਰਾਂ ਦਾ ਧਨ(ਪੈਸੇ) ਅਤੇ ਸਮਾਂ ਬਚਾਉਣ ਦੇ ਨਾਲ ਨਾਲ ਉਹਨਾਂ ਦੀ ਆਪਸੀ ਦੁਸ਼ਮਣੀ ਘਟਾਈ ਜਾ ਸਕੇ। ਗੰਭੀਰ ਕਿਸਮ ਦੇ ਫ਼ੌਜਦਾਰੀ ਕੇਸਾਂ ਨੂੰ ਛੱਡ ਕੇ ਹਰ ਤਰਾਂ ਦੇ ਕੇਸ ਜੋ ਵੱਖ ਵੱਖ ਅਦਾਲਤਾਂ ਵਿੱਚ ਲੰਬਿਤ ਪਏ ਹੋਣ, ਰਾਸ਼ਟਰੀ ਲੋਕ ਅਦਾਲਤ ਵਿੱਚ ਫ਼ੈਸਲੇ ਲਈ ਸ਼ਾਮਲ ਕੀਤੇ ਜਾਂਦੇ ਹਨ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਲੋਕ ਅਦਾਲਤ ਦਾ ਵੱਧ ਤੋਂ ਵੱਧ ਲਾਭ ਲੈਣ।

---------------------------------------------------------------------------------

ਅੰਮ੍ਰਿਤਸਰ ਚ ਮਾੜੇ ਅਫ਼ਸਰਾਂ ਦੇ ਖਿਲਾਫ ਚਲਾਈ ਗਈ ਮੁਹਿੰਮ ਤਹਿਤ ਹਵਾਈ ਅੱਡਾ ਪੁਲਿਸ ਨੇ ਦੋ ਫਰਜ਼ੀ ਟਰੈਵਲ ਏਜੇਂਟਾਂ ਨੂੰ ਠੱਗੀ ਦੇ ਮਾਮਲੇ ਵਿੱਚ ਕਾਬੂ ਕੀਤਾ। ਇਸ ਮੌਕੇ ਏਸੀਪੀ ਮਨਿੰਦਰ ਪਾਲ ਸਿੰਘ ਨੇ ਮੀਡੀਆ ਦੇ ਨਾਲ ਗੱਲਬਾਤ ਕਰਦੇ ਹੋਏ ਜਾਣਕਾਰੀ ਦਿੱਤੀ ਕਿ ਹਵਾਈ ਅੱਡਾ ਪੁਲਿਸ ਸਟੇਸ਼ਨ ਚ ਸ਼ਿਕਾਇਤ ਆਈ ਸੀ ਕਿ ਜਸਪ੍ਰੀਤ ਨਾ ਦਾ ਨੌਜਵਾਨ ਵਿਦੇਸ਼ ਜਾ ਰਿਹਾ ਸੀ, ਤੇ ਅੰਮ੍ਰਿਤਸਰ ਹਵਾਈ ਅੱਡੇ ਤੇ ਚੈੱਕ ਇਨ ਕਰਦੇ ਸਮੇ ਉਸ ਕੋਲੋਂ ਇੱਕ ਡੰਮੀ ਟਿਕਟ ਮਿਲੀ। ਸ਼ਨਾਖਤ ਕਰਨ ਤੇ ਦੋ ਨੌਜਵਾਨਾਂ ਨੂੰ ਗ੍ਰਿਫਤਾਰ ਕੀਤਾ, ਧਰਮਿੰਦਰ ਸਿੰਘ ਅੰਮ੍ਰਿਤਸਰ ਦਿਹਾਤੀ ਅਤੇ ਰੋਸ਼ਨ ਸਿੰਘ ਨਿਵਾਸੀ ਜਿਲਾ ਗੁਰਦਾਸਪੁਰ ਏ। ਸ਼ਨਾਖ਼ਤ ਕਰਨ ਤੇ ਪਤਾ

ਲੱਗਿਆ ਕਿ ਇਹਨਾਂ ਨੇ ਕਈ ਬੰਦਿਆਂ ਦੇ ਨਾਲ ਠੱਗੀਆਂ ਮਾਰੀਆਂ ਸਨ। ਗ੍ਰਿਫਤਾਰੀ ਸਮੇ ਦੋਵਾਂ ਕੋਲੋਂ 10 ਹਜ਼ਾਰ ਅਮਰੀਕੀ ਡਾਲਰ,855 ਆਸਟ੍ਰੇਲੀਆਈ ਡਾਲਰ ,550 ਕੈਨੇਡੀਅਨ ਤੇ 200 ਯੂਰੋ ਅਤੇ 6200 ਰੁਪਏ ਭਾਰਤੀ ਕਰੰਸੀ ਅਤੇ ਇੱਕ ਗੱਡੀ ਵੀ ਬਰਾਮਦ ਹੋਈ ਏ।